Total No. of Questions : 13]

[Total No. of Printed Pages : 4

**X**

**2039**

**ਸਲਾਨਾ ਪਰੀਖਿਆ ਪ੍ਰਨਾਲੀ**

# PUNJABI

**Paper–B**

**(Morning Session)**

Time allowed : Three hours

Maximum marks : 65

ਨੋਟ : (i) ਆਪਣੀ ਉੱਤਰ-ਪੱਤਰੀ ਦੇ ਟਾਈਟਲ ਪੰਨੇ 'ਤੇ ਵਿਸ਼ਾ-ਕੋਡ/ਪੇਪਰ-ਕੋਡ ਵਾਲੇ ਖ਼ਾਨੇ ਵਿੱਚ ਵਿਸ਼ਾ-ਕੋਡ/ਪੇਪਰ-ਕੋਡ 72/C ਜ਼ਰੂਰ ਦਰਜ ਕਰੋ ਜੀ ।

(ii) ਉੱਤਰ-ਪੱਤਰੀ ਲੈਂਦੇ ਹੀ ਇਸ ਦੇ ਪੰਨੇ ਗਿਣ ਕੇ ਦੇਖ ਲਓ ਕਿ ਇਸ ਵਿੱਚ ਟਾਈਟਲ ਸਹਿਤ 26 ਪੰਨੇ ਹਨ ਅਤੇ ਠੀਕ ਕ੍ਰਮਵਾਰ ਹਨ ।

(iii) ਉੱਤਰ-ਪੱਤਰੀ ਵਿੱਚ ਖ਼ਾਲੀ ਪੰਨਾ/ਪੰਨੇ ਛੱਡਣ ਤੋਂ ਬਾਅਦ ਹੱਲ ਕੀਤੇ ਗਏ ਪ੍ਰਸ਼ਨ/ਪ੍ਰਸ਼ਨਾਂ ਦਾ ਮੁਲਾਂਕਣ ਨਹੀਂ ਕੀਤਾ ਜਾਵੇਗਾ ।

(iv) ਕੋਈ ਵਾਧੂ ਸ਼ੀਟ ਨਹੀਂ ਮਿਲੇਗੀ । ਇਸ ਲਈ ਉੱਤਰ ਢੁਕਵੇਂ ਹੀ ਲਿਖੋ ਅਤੇ ਲਿਖਿਆ ਉੱਤਰ ਨਾ ਕੱਟੋ ।

(v) ਸਾਰੇ ਪ੍ਰਸ਼ਨ ਜ਼ਰੂਰੀ ਹਨ ।

(vi) ਪ੍ਰਸ਼ਨ ਦਾ ਉੱਤਰ ਖ਼ਤਮ ਹੋਣ 'ਤੇ ਇੱਕ ਲਾਈਨ ਲਾ ਦਿਓ ।

(vii) ਪ੍ਰਸ਼ਨਾਂ ਦੇ ਉੱਤਰ ਪਾਠ-ਪੁਸਤਕਾਂ 'ਤੇ ਆਧਾਰਿਤ ਹੋਣੇ ਚਾਹੀਦੇ ਹਨ ।

1. ਵਸਤੂਨਿਸ਼ਠ ਪ੍ਰਸ਼ਨ :

(ੳ) 'ਅਸੀਂ ਸਾਰਾ ਰਸਤਾ ਪੈਦਲ ਮੁਕਾਇਆ ।' ਇਸ ਵਾਕ 'ਚ ਕਿਰਿਆ ਇਕਹਿਰੀ ਹੈ ਜਾਂ ਸੰਯੁਕਤ ? 1

(ਅ) 'ਰਾਮ ਪੜ੍ਹਦਾ ਹੈ, ਪਰ ਸ਼ਾਮ ਖੇਡਦਾ ਹੈ ।' ਇਸ ਵਾਕ ਵਿੱਚੋਂ ਯੋਜਕ ਚੁਣੋ । 1

(ੲ) 'ਏਕਮ ਫੁਟਬਾਲ ਖੇਡ ਰਿਹਾ ਸੀ ।' ਇਹ ਵਾਕ ਕਿਹੜੇ ਕਾਲ ਨਾਲ ਸੰਬੰਧਿਤ ਹੈ ? 1

(ਸ) 'ਤਾਕਤ' ਸ਼ਬਦ ਦਾ ਸਮਾਨਾਰਥਕ ਸ਼ਬਦ ਲਿਖੋ । 1

(ਹ) ਕਿਹੜੀ ਚੀਜ਼ ਨੂੰ ਭਾਸ਼ਾ ਦਾ ਪਹਿਰਾਵਾ ਕਿਹਾ ਜਾਂਦਾ ਹੈ ? 1.

(i) ਵਰਨ-ਮਾਲਾ (ii) ਲਿਪੀ

(iii) ਸ਼ਬਦ (iv) ਲਗਾਂ-ਮਾਤਰਾਂ

(ਕ) ਅਨਯ ਪੁਰਖ ਚੁਣੋ : 1

(i) ਮੈਂ/ਅਸੀਂ (ii) ਤੂੰ/ਤੇਰਾ

(iii) ਉਹ/ਉਹਨਾਂ (iv) ਸਾਡਾ

(ਖ) ਪੰਜਾਬੀ ਨੂੰ ਪੰਜਾਬ ਵਿੱਚ ਕੀ ਦਰਜਾ ਪ੍ਰਾਪਤ ਹੈ ? 1

(ਗ) ਵਿਆਕਰਨ ਦੇ ਮੁੱਖ ਅੰਗ ਕਿੰਨੇ ਹਨ ? 1

(ਘ) ਪੰਜਾਬੀ ਵਿੱਚ ਕਿੰਨੀਆਂ ਲਗਾਂ ਦੀ ਵਰਤੋਂ ਹੁੰਦੀ ਹੈ ? 1

(ਙ) ਦੁੱਖ ਤੇ ਮਿਠਾਸ ਕਿਸ ਕਿਸਮ ਦੇ ਨਾਂਵ ਹਨ ? 1

10×1=10

2. ਹੇਠ ਲਿਖੇ ਵਿਸ਼ਿਆਂ ਵਿੱਚੋਂ ਕਿਸੇ ਇੱਕ ਵਿਸ਼ੇ ਉੱਤੇ ਲਗ-ਪਗ 400 ਸ਼ਬਦਾਂ ਦਾ ਲੇਖ ਲਿਖੋ :

(ੳ) ਡਾ. ਭੀਮ ਰਾਓ ਅੰਬੇਦਕਰ (ਅ) ਪੰਜਾਬ ਦੇ ਮੇਲੇ

(ੲ) ਭਰੂਣ ਹੱਤਿਆ (ਸ) ਨਸ਼ਾ ਨਾਸ਼ ਕਰਦਾ ਹੈ

(ਹ) ,ਪਹਾੜ ਦੀ ਸੈਰ । 10

3. ਇੱਕ ਪੱਤਰ ਰਾਹੀਂ ਆਪਣੇ ਮਿੱਤਰ/ਸਹੇਲੀ ਨੂੰ ਆਪਣੇ ਸਕੂਲ ਵਿੱਚ ਹੋਏ ਸਲਾਨਾ ਸਮਾਗਮ ਦਾ ਹਾਲ ਲਿਖੋ ।

ਜਾਂ

ਤੁਹਾਨੂੰ ਕੋਈ ਰਿਸਾਲਾ ਚੰਗਾ ਲੱਗਾ ਹੈ । ਇਸ ਰਿਸਾਲੇ ਦੀਆਂ ਸਿਫ਼ਤਾਂ ਦੱਸਦਿਆਂ ਉਸ ਦੇ ਸੰਪਾਦਕ ਨੂੰ ਚਿੱਠੀ ਲਿਖੋ ਕਿ ਤੁਸੀਂ ਉਸ ਰਿਸਾਲੇ ਦਾ ਚੰਦਾ ਭੇਜ ਦਿੱਤਾ ਹੈ ਅਤੇ ਰਿਸਾਲਾ ਘਰ ਦੇ ਪਤੇ ਉੱਤੇ ਭੇਜਣਾ ਸ਼ੁਰੂ ਕਰ ਦਿੱਤਾ ਜਾਵੇ । 2+4+1=7

4. ਹੇਠ ਲਿਖੇ ਪੈਰੇ ਦੀ ਸੰਖੇਪ-ਰਚਨਾ ਲਗ-ਪਗ ਇੱਕ-ਤਿਹਾਈ ਸ਼ਬਦਾਂ ਵਿੱਚ ਲਿਖੋ ਅਤੇ ਢੁਕਵਾਂ ਸਿਰਲੇਖ ਵੀ ਦਿਓ :

ਕਿਸੇ ਵਿਅਕਤੀ ਨੂੰ ਉਸ ਦੀ ਗ਼ਲਤੀ ਦਾ ਅਹਿਸਾਸ ਵੀ ਉਹ ਹੀ ਕਰਵਾ ਸਕਦਾ ਹੈ ਜਿਸ ਨੂੰ ਉਸ ਦੇ ਵਿਗੜਨ ਦਾ ਦੁੱਖ ਹੈ ਅਤੇ ਉਹ ਵਿਗੜੇ ਨੂੰ ਸੁਧਾਰਨ ਦੀ ਲੋੜ ਸਮਝਦਾ ਹੈ । ਜਿਹੜਾ ਉਸ ਦੀ ਤਰੱਕੀ ਦਾ ਚਾਹਵਾਨ ਹੈ, ਉਸ ਦਾ ਭਲਾ ਸੋਚਦਾ ਹੈ । ਉਹ ਉਸ ਨੂੰ ਨਮੂਨਾ ਦੇਵੇ ਕਿ ਅਜੇ ਡੁੱਲ੍ਹੇ ਬੇਰਾਂ ਦਾ ਕੁਝ ਨਹੀਂ ਵਿਗੜਿਆ, ਉਸ ਲਈ ਘਰ ਦੇ ਬੂਹੇ ਬੰਦ ਨਹੀਂ– 'ਭੁੱਲਾ ਉਹ ਨਾ ਜਾਣੀਏ ਜੋ ਮੁੜ ਘਰ ਆਵੇ ।' ਉਹ ਥੋੜ੍ਹਾ ਜਿਹਾ ਵੀ ਹੁੰਗਾਰਾ ਭਰੇ ਤਾਂ ਉਸ ਦੀ ਬਾਂਹ ਫੜ ਲਈ ਜਾਵੇ । ਉਸ ਨੂੰ ਅਹਿਸਾਸ ਕਰਾਇਆ ਜਾਵੇ ਕਿ ਉਹ ਬਹੁਤ ਕੁਝ ਕਰ ਸਕਦਾ ਹੈ । ਕਿਸੇ ਗ਼ਲਤੀ 'ਤੇ ਇਹ ਅਹਿਸਾਸ ਨਾ ਕਰਾਇਆ ਜਾਵੇ ਕਿ ਉਸ ਨੇ ਤਾਂ ਨੱਕ ਵਢਾ ਦਿੱਤਾ ਹੈ, ਕੋਈ ਕਿਸੇ ਨੂੰ ਮੂੰਹ ਵਿਖਾਉਣ ਜੋਗਾ ਹੀ ਨਹੀਂ ਰਿਹਾ ਸਗੋਂ ਗ਼ਲਤੀ ਸੁਧਾਰਨ ਦੇ ਮੌਕੇ 'ਤੇ ਸਾਧਨ ਦਿੱਤੇ ਜਾਣ, ਰਾਹ ਦਿੱਤਾ ਜਾਵੇ ਅੱਗੇ ਵਧਣ ਦਾ ਕਿਉਂਕਿ ਨਾ ਕੋਈ ਦੇਵਤਾ ਜੰਮਦਾ ਹੈ ਤੇ ਨਾ ਦੈਂਤ । ਬੱਸ ਸੁਧਾਰ ਲਈ ਉੱਦਮ ਕਰਨ ਦੀ ਲੋੜ ਹੁੰਦੀ ਹੈ ।

5+1=6

5. ਹੇਠ ਲਿਖੇ ਪੈਰੇ ਨੂੰ ਪੜ੍ਹ ਕੇ ਅੰਤ ਵਿੱਚ ਦਿੱਤੇ ਪ੍ਰਸ਼ਨਾਂ ਦੇ ਉੱਤਰ ਲਿਖੋ :

ਘਰ-ਪਰਿਵਾਰ ਤੋਂ ਇਲਾਵਾ ਸਮਾਜ ਵਿੱਚ ਵਿਚਰਦਿਆਂ ਸਾਡੇ ਕੋਲੋਂ ਅਨੇਕਾਂ ਗ਼ਲਤੀਆਂ ਹੋ ਜਾਂਦੀਆਂ ਹਨ । ਕਈ ਵਾਰ ਛੋਟੀਆਂ-ਛੋਟੀਆਂ ਤਕਰਾਰਾਂ ਵੀ ਹੋ ਜਾਂਦੀਆਂ ਹਨ । ਕੋਈ ਅਜਿਹੀ ਗੱਲ ਜਾਂ ਤਕਰਾਰ ਕਿਸੇ ਦਾ ਦਿਲ ਵੀ ਦੁਖਾ ਦਿੰਦੀ ਹੈ । ਅਜਿਹੀ ਗੱਲ ਵਰ੍ਹਿਆਂ ਤੱਕ ਅਣ-ਬਣ ਦਾ ਕਾਰਨ ਬਣਦੀ ਹੈ । ਮੰਨ ਲਓ ਜੇਕਰ ਸਾਡੇ ਕੋਲੋਂ ਅਜਿਹਾ ਕੁਝ ਹੋ ਵੀ ਜਾਂਦਾ ਹੈ ਤਾਂ ਸਾਨੂੰ ਆਪਣੀ ਗ਼ਲਤੀ ਸ੍ਵੀਕਾਰ ਕਰ ਲੈਣ ਵਿੱਚ ਕਿਸੇ ਕਿਸਮ ਦੀ ਝਿਜਕ ਨਹੀਂ ਹੋਣੀ ਚਾਹੀਦੀ ਤੇ ਸਾਨੂੰ ਉਸ ਦੀ ਮਾਫ਼ੀ ਮੰਗ ਲੈਣੀ ਚਾਹੀਦੀ ਹੈ । ਗ਼ਲਤੀ ਨੂੰ ਮੰਨਣਾ ਸ਼ਿਸ਼ਟਾਚਾਰ ਦਾ ਇੱਕ ਹਿੱਸਾ ਹੈ । ਦੇਖਿਆ ਜਾਵੇ ਤਾਂ ਮਾਫ਼ੀ ਮੰਗਣ ਨਾਲ ਸਾਡੀ ਅਣਖ ਨਹੀਂ ਘਟਦੀ ਸਗੋਂ ਸਾਡਾ ਵਿਅਕਤਿੱਤਵ ਉਜਾਗਰ ਹੁੰਦਾ ਹੈ ਅਤੇ ਕਈ ਵਾਰ ਆਉਣ ਵਾਲੀਆਂ ਮੁਸੀਬਤਾਂ ਤੋਂ ਸਾਡਾ ਬਚਾਅ ਵੀ ਹੋ ਸਕਦਾ ਹੈ । ਛੋਟੇ ਮਸਲੇ ਵੱਡੇ ਨਹੀਂ ਬਣਦੇ ਤੇ ਅਸੀਂ ਤਣਾਅ-ਮੁਕਤ ਰਹਿੰਦੇ ਹਾਂ ।

ਪ੍ਰਸ਼ਨ :

(ੳ) ਸਮਾਜ ਵਿੱਚ ਵਿਚਰਦਿਆਂ ਕਈ ਵਾਰ ਸਾਡੇ ਕੋਲੋਂ ਕੀ ਹੋ ਜਾਂਦਾ ਹੈ ? 1

(ਅ) ਸਾਨੂੰ ਕਿਸ ਕਿਸਮ ਦੀ ਝਿਜਕ ਨਹੀਂ ਹੋਣੀ ਚਾਹੀਦੀ ? 1

(ੲ) ਕਈ ਵਾਰ ਅਸੀਂ ਗ਼ਲਤੀ ਮੰਨਣ ਤੋਂ ਇਨਕਾਰੀ ਕਿਉਂ ਹੋ ਜਾਂਦੇ ਹਾਂ ? 1

(ਸ) ਗ਼ਲਤੀ ਦੀ ਮਾਫ਼ੀ ਮੰਗਣ ਨਾਲ ਕੀ ਹੁੰਦਾ ਹੈ ? 1

1+1+1+1=4

6. ਹੇਠ ਲਿਖੇ ਮੁਹਾਵਰਿਆਂ ਵਿੱਚੋਂ ਕੇਵਲ ਪੰਜ ਨੂੰ ਵਾਕਾਂ ਵਿੱਚ ਇਸ ਤਰ੍ਹਾਂ ਵਰਤੋ ਕਿ ਅਰਥ ਸਪਸ਼ਟ ਹੋ ਜਾਣ :

(ੳ) ਠੋਕ-ਵਜਾ ਕੇ ਵੇਖਣਾ 2

(ਅ) ਦਿਨ-ਰਾਤ ਇੱਕ ਕਰਨਾ 2

(ੲ) ਪੈਂਤੜਾ ਵਾਰ ਜਾਣਾ 2

(ਸ) ਮੁੱਠੀ ਗਰਮ ਕਰਨਾ । 2

(ਹ) ਉੱਚਾ ਸਾਹ ਨਾ ਕੱਢਣਾ 2

(ਕ) ਅਲੂਣੀ ਸਿਲ ਚੱਟਣਾ 2

(ਖ) ਸਿਰ ਤਲੀ 'ਤੇ ਧਰਨਾ 2

(ਗ) ਕੱਪੜਿਆਂ ਤੋਂ ਬਾਹਰ ਹੋਣਾ 2

(ਘ) ਚੜ੍ਹਦੀ ਕਲਾ ਵਿੱਚ ਹੋਣਾ 2

(ਙ) ਜਫ਼ਰ ਜਾਲਣਾ 2

5×2=10

7. ਵਿਸਰਾਮ ਚਿੰਨ੍ਹ ਲਾ ਕੇ ਦੁਬਾਰਾ ਲਿਖੋ :

ਹਾਇ ਮੇਰੀਆਂ ਸਾਰੀਆਂ ਆਸਾਂ ਤੇ ਪਾਣੀ ਫਿਰ ਗਿਆ 2

8. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਦਿਉ :

(ੳ) ਨਾਸਿਕੀ ਸੁਰ ਕਿਹੜੇ ਹੁੰਦੇ ਹਨ ? 1

(ਅ) ਪੰਜਾਬੀ ਵਿਆਕਰਨ ਤੋਂ ਤੁਹਾਡਾ ਕੀ ਭਾਵ ਹੈ ? 1

(ੲ) ਬੋਲੀ (ਸਾਹਿਤਿਕ ਬੋਲੀ) ਤੇ ਉਪਬੋਲੀ ਵਿੱਚ ਕੀ ਫ਼ਰਕ ਹੁੰਦਾ ਹੈ ? 1

1+1+1=3

9. ਹੇਠ ਲਿਖੇ ਪ੍ਰਸ਼ਨਾਂ ਦੇ ਸੰਖੇਪ ਉੱਤਰ ਦਿਓ :

(ੳ) ਪੰਜਾਬੀ ਬੋਲੀ (ਭਾਸ਼ਾ) ਨੂੰ ਲਿਖਣ ਲਈ ਕਿਹੜੀ ਲਿਪੀ ਢੁਕਵੀਂ ਹੈ ਤੇ ਕਿਉਂ ? 1

(ਅ) ਲਗਾਖਰ ਕੀ ਹੁੰਦੇ ਹਨ ? ਪੰਜਾਬੀ ਵਿੱਚ ਕਿੰਨੇ ਲਗਾਖਰ ਹਨ ? 1

1+1=2

10. (ੳ) ਯੋਜਕ ਜਾਂ ਕਿਰਿਆ ਵਿਸ਼ੇਸ਼ਣ ਦੀ ਪਰਿਭਾਸ਼ਾ ਉਦਾਹਰਨਾਂ ਸਹਿਤ ਲਿਖੋ । 2

(ਅ) ਨਾਂਵ ਦੀਆਂ ਕੋਈ ਦੋ ਕਿਸਮਾਂ ਉਦਾਹਰਨਾਂ ਸਹਿਤ ਲਿਖੋ । 2

2+2=4

11. ਹੇਠ ਲਿਖੇ ਵਾਕ ਨੂੰ ਵਚਨ ਤੇ ਲਿੰਗ ਬਦਲਣ ਉਪਰੰਤ ਦੋ ਵੱਖੋ-ਵੱਖਰੇ ਵਾਕਾਂ ਵਿੱਚ ਲਿਖੋ :

ਮਨਦੀਪ ਆਪਣੀਆਂ ਸਹੇਲੀਆਂ ਤੇ ਦਾਸੀਆਂ ਨਾਲ ਗੁਰੂ ਕੇ ਬਾਗ ਦੇ ਦਰਸ਼ਨ ਲਈ ਗਈ । 1+1=2

12. ਹੇਠ ਲਿਖੇ ਵਾਕ ਨੂੰ ਭੂਤ-ਕਾਲ ਅਤੇ ਭਵਿੱਖਤ-ਕਾਲ ਵਿੱਚ ਬਦਲਣ ਉਪਰੰਤ ਦੋ ਵੱਖੋ-ਵੱਖਰੇ ਵਾਕਾਂ ਵਿੱਚ ਲਿਖੋ :

ਅਸੀਂ ਸਾਰੇ ਪਰਿਵਾਰ ਦੇ ਮੈਂਬਰ ਮੇਲੇ ਜਾਂਦੇ ਹਾਂ । 1+1=2

13. (ੳ) 'ਜਿਨ੍ਹਾਂ ਲੋਕਾਂ ਦਾ ਕੋਈ ਪੱਕਾ ਟਿਕਾਣਾ ਨਾ ਹੋਵੇ' ਲਈ ਇੱਕ ਢੁਕਵਾਂ ਸ਼ਬਦ ਲਿਖੋ । 1

(ਅ) 'ਅਰਕ' ਸ਼ਬਦ ਦੇ ਦੋ ਵੱਖ-ਵੱਖ ਅਰਥ ਦਰਸਾਉਂਦੇ ਵਾਕ ਬਣਾਓ । 1

(ੲ) 'ਸਦਾਚਾਰ' ਸ਼ਬਦ ਦਾ ਵਿਰੋਧੀ ਸ਼ਬਦ ਲਿਖੋ । 1

1+1+1=3